# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-03-2024**

ਕੇਂਦਰੀ ਗ੍ਰਹਿ ਮੰਤਰਾਲੇ ਨੇ ਨਾਗਰਿਕਤਾ ਸੋਧ ਐਕਟ ਲਾਗੂ ਕਰ ਦਿੱਤਾ ਏ। ਇਹ ਸਾਲ 2019 ਲਈ ਭਾਰਤੀ ਜਨਤਾ ਪਾਰਟੀ ਦੇ ਚੋਣ ਮਨੋਰਥ ਪੱਤਰ ਦਾ ਅਨਿੱਖੜਵਾਂ ਅੰਗ ਸੀ । ਨਾਗਰਿਕਤਾ ਸੋਧ ਕਾਨੂੰਨ ਅਫਗਾਨਿਸਤਾਨ, ਬੰਗਲਾਦੇਸ਼ ਅਤੇ ਪਾਕਿਸਤਾਨ ਤੋਂ ਹਿੰਦੂ, ਸਿੱਖ, ਬੋਧੀ, ਜੈਨ, ਪਾਰਸੀ ਅਤੇ ਈਸਾਈ ਭਾਈਚਾਰਿਆਂ ਦੇ ਪ੍ਰਵਾਸੀਆਂ ਨੂੰ ਨਾਗਰਿਕਤਾ ਲਈ ਯੋਗ ਬਣਾਉਣ ਦੀ ਕੋਸ਼ਿਸ਼ ਏ। ਇਸ ਨਾਲ ਦੱਬੇ-ਕੁਚਲੇ ਲੋਕਾਂ ਨੂੰ ਭਾਰਤ ਵਿਚ ਨਾਗਰਿਕਤਾ ਮਿਲਣ ਦਾ ਰਾਹ ਪੱਧਰਾ ਹੋ ਜਾਵੇਗਾ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਨੋਟੀਫਿਕੇਸ਼ਨ ਨਾਲ ਇੱਕ ਹੋਰ ਵਾਅਦਾ ਪੂਰਾ ਕੀਤਾ ਏ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਰਮਜ਼ਾਨ ਦੀਆਂ ਮੁਬਾਰਕਾਂ ਦਿੱਤੀਆਂ ਨੇ । ਆਪਣੇ ਸੰਦੇਸ਼ ਵਿੱਚ ਉਨਾਂ ਆਸ ਪ੍ਰਗਟਾਈ ਕਿ ਇਹ ਪਵਿੱਤਰ ਮਹੀਨਾ ਹਰ ਕਿਸੇ ਦੇ ਜੀਵਨ ਵਿੱਚ ਖੁਸ਼ਹਾਲੀ, ਚੰਗੀ ਸਿਹਤ ਅਤੇ ਖੁਸ਼ਹਾਲੀ ਲੈ ਕੇ ਆਵੇ ।

-----------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸੂਬਾ ਸਰਕਾਰ ਪੰਜਾਬ ਨੂੰ ਕਰਜ਼ਾ ਮੁਕਤ, ਅਗਾਂਹਵਧੂ ਅਤੇ ਖੁਸ਼ਹਾਲ ਸੂਬਾ ਬਣਾਉਣ ਲਈ ਨਿਰੰਤਰ ਯਤਨ ਕਰ ਰਹੀ ਏ । ਪਟਿਆਲਾ ਵਿਖੇ ਕਲ 'ਸਰਕਾਰ-ਵਪਾਰ ਮਿਲਣੀ' ਦੌਰਾਨ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਕਾਰਨ ਸੂਬੇ ਨੂੰ ਵਿਰਾਸਤ ਵਿੱਚ ਕਰਜ਼ੇ ਦੀ ਪੰਡ ਮਿਲੀ ਸੀ ਪਰ ਉਨ੍ਹਾਂ ਦੀ ਸਰਕਾਰ ਸੂਬੇ ਨੂੰ ਇਨ੍ਹਾਂ ਸੰਕਟਾਂ ਵਿੱਚੋਂ ਕੱਢਣ ਲਈ ਹਰ ਸੰਭਵ ਯਤਨ ਕਰੇਗੀ, ਜਿਸ ਲਈ ਪਹਿਲਾਂ ਹੀ ਠੋਸ ਉਪਰਾਲੇ ਕੀਤੇ ਜਾ ਰਹੇ ਨੇ । ਉਨਾਂ ਕਿਹਾ ਕਿ ਦੋ ਸਾਲਾਂ ਦਾ ਬਜਟ ਸੂਬੇ ਵਿੱਚ ਮਾਲੀਏ ਵਿੱਚ ਵਾਧੇ

ਸਮੇਤ ਚੰਗੀਆਂ ਗੱਲਾਂ ਨੂੰ ਦਰਸਾਉਂਦਾ ਏ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਇਹ ਸਿਲਸਿਲਾ ਜਾਰੀ ਰਹੇਗਾ। ਮੁੱਖ ਮੰਤਰੀ ਨੇ ਕਿਹਾ, "ਇਤਿਹਾਸ ਵਿੱਚ ਪੰਜਾਬ ਪਹਿਲੀ ਵਾਰ ਇਸ ਤਰ੍ਹਾਂ ਦੇ ਖੁਸ਼ੀਆਂ ਵਾਲੇ ਸਮਾਗਮ ਦੇਖ ਰਿਹਾ ਏ ਜਦਕਿ ਇਸ ਤੋਂ ਪਹਿਲਾਂ ਸਮਾਗਮਾਂ ਵਿੱਚ ਸਿਰਫ਼ ਇਕ-ਦੂਜੇ ਉਤੇ ਸਿਆਸੀ ਚਿੱਕੜ ਸੁੱਟਿਆ ਜਾਂਦਾ ਸੀ ਪਰ ਹੁਣ ਅਜਿਹੇ ਸਮਾਗਮਾਂ ਵਿੱਚ ਖੁਸ਼ੀ ਦੇ ਜਸ਼ਨ ਮਨਾਏ ਜਾ ਰਹੇ ਨੇ। ਪਹਿਲੀ ਵਾਰ ਵਪਾਰੀ ਸੂਬੇ ਨੂੰ ਸਫਲਤਾ ਦੇ ਮੁਕਾਮ ਉਤੇ ਲਿਜਾਣ ਲਈ ਫੈਸਲੇ ਲੈਣ ਦਾ ਅਟੁੱਟ ਅੰਗ ਬਣੇ ਨੇ।

--------------------------------------------------------

ਇਸ ਦੌਰਾਨ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਕਿਹਾ ਏ ਕਿ ਪੰਜਾਬ ਸਰਕਾਰ ਨੇ ਸਾਧਨਾਂ ਦੀ ਘੋਰ ਦੁਰਵਰਤੋਂ ਕਰਕੇ ਸੂਬੇ ਨੂੰ ਕਰਜ਼ੇ ਦੇ ਭਾਰੀ ਬੋਝ ਹੇਠ ਦੱਬ ਕੇ ਪੰਜਾਬ ਨੂੰ ਆਰਥਿਕ ਮੰਦਹਾਲੀ ਦੇ ਕੰਢੇ 'ਤੇ ਪਹੁੰਚਾ ਦਿੱਤਾ ਏ। ਚੰਡੀਗੜ੍ਹ ਤੋਂ ਜਾਰੀ ਇਕ ਬਿਆਨ ਵਿਚ ਉਨਾਂ ਸੂਬੇ ਦੀ ਆਰਥਿਕ ਸਥਿਤੀ 'ਤੇ ਪੰਜਾਬ ਸਰਕਾਰ ਨੂੰ ਇਕ ਵ੍ਹਾਈਟ ਪੇਪਰ ਜਾਰੀ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਇਹ

ਗਿਰਾਵਟ ਕੁਝ ਹੋਰ ਸਮੇਂ ਲਈ ਜਾਰੀ ਰਹੀ ਤਾਂ ਪੰਜਾਬ ਨੂੰ ਵਿੱਤੀ ਐਮਰਜੈਂਸੀ ਦਾ ਐਲਾਨ ਕਰਨਾ ਪੈ ਸਕਦਾ ਏ। ਤਰੁਣ ਚੁੱਘ ਨੇ ਕਿਹਾ ਕਿ ਕੇਂਦਰੀ ਟੈਕਸਾਂ ਵਿੱਚ ਪੰਜਾਬ ਦਾ ਹਿੱਸਾ 2022-23 ਵਿੱਚ 14,000 ਕਰੋੜ ਰੁਪਏ ਤੋਂ ਮੌਜੂਦਾ ਵਿੱਤੀ ਸਾਲ ਵਿੱਚ 22,000 ਕਰੋੜ ਰੁਪਏ ਤੱਕ ਲਗਾਤਾਰ ਵਧ ਰਿਹਾ ਏ। ਕਰਜ਼ਾ - ਜੀਡੀਪੀ ਅਨੁਪਾਤ ਚਿੰਤਾਜਨਕ ਉਚਾਈਆਂ ਨੂੰ ਛੂਹ ਗਿਆ ਏ। ਇਸ ਨੂੰ 32 ਫੀਸਦੀ 'ਤੇ ਰੱਖਣ ਦੀ ਆਰ.ਬੀ.ਆਈ ਦੀ ਸਿਫਾਰਿਸ਼ ਦੇ ਉਲਟ ਪੰਜਾਬ ਦੀ ਮਾਨ ਸਰਕਾਰ ਨੇ ਲਾਪਰਵਾਹੀ ਨਾਲ ਸੂਬੇ ਦਾ ਕਰਜ਼ਾ 45 ਫੀਸਦੀ ਤੱਕ ਵਧਾ ਦਿੱਤਾ ਏ। ਪਿਛਲੇ ਵਿੱਤੀ ਵਰ੍ਹੇ ਵਿੱਚ ਸੂਬੇ ਨੇ 94000 ਕਰੋੜ ਰੁਪਏ ਦਾ ਕਰਜ਼ਾ ਲਿਆ ਸੀ, ਜਿਸ ਕਰਕੇ ਪੰਜਾਬ ਸਿਰ ਕੁੱਲ ਕਰਜ਼ਾ 3.7 ਲੱਖ ਕਰੋੜ ਰੁਪਏ ਤੱਕ ਪੁੱਜ ਗਿਆ ਏ।

---

ਪੰਜਾਬ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਸੁਭਾਸ਼ ਸ਼ਰਮਾ ਨੇ ਪੰਜਾਬ ਨੂੰ 14,345 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੀ ਸੌਗਾਤ ਦੇਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ 'ਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ ਏ।

ਇਕ ਬਿਆਨ ਵਿਚ ਉਨਾਂ ਕਿਹਾ ਕਿ ਮੋਦੀ ਦੀ ਅਗਵਾਈ ਵਾਲੀ ਕੇਂਦਰ ਦੀ ਭਾਜਪਾ ਸਰਕਾਰ ਵਲੋਂ ਸਮੁੱਚੇ ਦੇਸ਼ ਦਾ ਸਰਬਪੱਖੀ ਵਿਕਾਸ ਕੀਤਾ ਜਾ ਰਿਹਾ ਏ । ਜਿਸ ਦੇ ਚਲਦਿਆਂ ਪੰਜਾਬ 'ਚ ਵੀ ਕਈ ਸ਼ਹਿਰਾਂ ਨੂੰ ਸਮਾਰਟ ਸਿਟੀ ਬਣਾਇਆ ਜਾ ਰਿਹਾ ਏ ਅਤੇ ਨਵੇਂ ਹਾਈਵੇ, ਗ੍ਰੀਨਫ਼ੀਲਡ ਹਾਈਵੇ ਤੇ ਰੇਲਵੇ ਓਵਰਬ੍ਰਿਜ ਬਣਾਏ ਜਾ ਰਹੇ ਨੇ ।

---------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਲ ਚੰਡੀਗੜ੍ਹ ਵਿਚ ਰਾਜ ਪੱਧਰੀ ਮੀਡੀਆ ਮੋਨੀਟਰਿੰਗ ਸੈੱਲ ਦਾ ਦੌਰਾ ਕੀਤਾ । ਲੋਕ ਸਭਾ ਚੋਣਾਂ-2024 ਸਬੰਧੀ ਇੱਥੋਂ ਟੀਵੀ ਨਿਊਜ਼ ਚੈਨਲਾਂ, ਪ੍ਰਿੰਟ ਮੀਡੀਆ, ਸੋਸ਼ਲ ਮੀਡੀਆ ਅਤੇ ਵੈੱਬ ਚੈਨਲਾਂ ਦੀ ਮੋਨੀਟਰਿੰਗ ਕੀਤੀ ਜਾ ਰਹੀ ਏ । ਚੋਣ ਜ਼ਾਬਤਾ ਲੱਗਣ ਤੋਂ ਬਾਅਦ ਰਾਜ ਪੱਧਰੀ ਮੀਡੀਆ ਮੋਨੀਟਰਿੰਗ ਸੈੱਲ ਵਿੱਚ ਗਤੀਵਿਧੀਆਂ ਹੋਰ ਤੇਜ਼ ਹੋ ਜਾਣਗੀਆਂ । ਸਿਬਿਨ ਸੀ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਮੁੱਖ ਚੋਣ ਅਧਿਕਾਰੀ ਦੇ ਦਫਤਰ ਵਿੱਚ ਮੀਡੀਆ ਮੋਨੀਟਰਿੰਗ ਸੈੱਲ ਦੀ ਸਥਾਪਨਾ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਮਜ਼ਬੂਤ ਲੋਕਤੰਤਰ ਲਈ

ਮੀਡੀਆ ਦੀ ਅਹਿਮ ਭੂਮਿਕਾ ਹੁੰਦੀ ਏ। ਉਨ੍ਹਾਂ ਲੋਕ ਸਭਾ ਚੋਣਾਂ-2024 ਦੌਰਾਨ ਮੀਡੀਆ ਨੂੰ ਸਾਰਥਕ ਤੇ ਪ੍ਰਭਾਵੀ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਚੋਣਾਂ ਦੌਰਾਨ ਮੀਡੀਆ ਲੋਕਾਂ ਤੱਕ ਸਹੀ ਤੇ ਸੱਚੀਆਂ ਸੂਚਨਾਵਾਂ ਅਤੇ ਜਾਣਕਾਰੀਆਂ ਪੁੱਜਦੀਆਂ ਕਰੇ। ਉਨ੍ਹਾਂ ਮੀਡੀਆ ਨੂੰ ਵੀ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

---------------------------------------------------------------

ਹੁਣ ਤੁਸੀਂ ਦੂਰਦਰਸ਼ਨ ਦੇ ਰਾਸ਼ਟਰੀ ਚੈਨਲ 'ਤੇ ਰੋਜ਼ਾਨਾ ਰਾਮ ਲੱਲਾ ਦੀ ਸ਼ਾਨਦਾਰ ਆਰਤੀ ਦੇ ਬ੍ਰਹਮ ਦਰਸ਼ਨ ਦੇਖ ਸਕਦੇ ਹੋ। ਸਵੇਰੇ 6:30 ਵਜੇ ਤੋਂ ਅਯੁੱਧਿਆ ਤੋਂ ਇਸ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ। ਹਾਲ ਹੀ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਯੁੱਧਿਆ ਵਿੱਚ ਸ੍ਰੀ ਰਾਮ ਮੰਦਰ ਵਿੱਚ ਰਾਮ ਲੱਲਾ ਦੇ ਪ੍ਰਾਣ ਪ੍ਰਤਿਸ਼ਠਾ ਵਿੱਚ ਸ਼ਿਰਕਤ ਕੀਤੀ ਸੀ। ਇਹ ਮੰਦਰ ਕਰੋੜਾਂ ਲੋਕਾਂ ਦੀ ਆਸਥਾ ਦਾ ਪ੍ਰਤੀਕ ਹੈ।

---------------------------------------------------------------

ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਿਵੀਜ਼ਨ ਨੇ ਦੇਸ਼ ਭਰ ਵਿੱਚ ਆਪਣੀਆਂ ਵੱਖ-ਵੱਖ ਖੇਤਰੀ ਨਿਊਜ਼ ਯੂਨਿਟਾਂ ਵਿੱਚ ਫੁੱਲ-ਟਾਈਮ

ਕੰਟਰੈਕਟ ਆਧਾਰ 'ਤੇ ਕਾਰਜਕਾਰੀ ਸੰਪਾਦਕ ਅਤੇ ਨਿਊਜ਼ ਰੀਡਰ ਕਮ ਅਨੁਵਾਦਕ ਵਜੋਂ ਕੰਮ ਕਰਨ ਲਈ ਤਜਰਬੇਕਾਰ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਨੇ। ਇਸ ਵਿੱਚ ਪੰਜਾਬੀ ਭਾਸ਼ਾ ਲਈ ਅਰਜੀਆਂ ਵੀ ਸ਼ਾਮਲ ਨੇ । ਇਸ ਸੰਬੰਧੀ ਵੇਰਵਾ news on air.gov.in ਸਲੇਸ਼ vacancies 'ਤੇ ਉਪਲਬਧ ਏ। ਅਰਜ਼ੀਆਂ ਭੇਜਣ ਦੀ ਆਖਰੀ ਤਰੀਕ 19 ਮਾਰਚ ਏ।